ਮੈਂਬਰ ਪੰਜਾਬ ਸਟੇਟ ਫੂਡ ਕਮਿਸ਼ਨ ਵਲੋਂ ਸਕੂਲਾਂ ਤੇ ਆਂਗਣਵਾੜੀ ਸੈਂਟਰਾਂ ਦੀ ਅਚਨਚੇਤ ਚੈਕਿੰਗ

ਮੋਗਾ, 28 ਅਕਤੂਬਰ (ਸੁਰਿੰਦਰਪਾਲ ਸਿੰਘ)-ਸ੍ਰੀ ਚੇਤਨ ਪ੍ਰਕਾਸ਼ ਧਾਲੀਵਾਲ ਮੈਂਬਰ ਪੰਜਾਬ ਸਟੇਟ ਫੂਡ ਕਮਿਸ਼ਨ ਵਲੋਂ ਜ਼ਿਲ੍ਹਾ ਮੋਗਾ ਦਾ ਅਚਨਚੇਤ ਦੌਰਾ ਕਰਕੇ ਨੈਸ਼ਨਲ ਫੂਡ ਸਕਿਉਰਿਟੀ ਐਕਟ 2013 ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦਾ ਨਿਰੀਖਣ ਕੀਤਾ। ਇਸ ਦੌਰੇ ਦੌਰਾਨ ਸਰਕਾਰੀ ਪ੍ਰਾਇਮਰੀ ਸਕੂਲ ਅਜੀਤਵਾਲ, ਸਰਕਾਰੀ ਪ੍ਰਾਇਮਰੀ ਸਕੂਲ (ਲੜਕੇ) ਪੱਤੋ ਹੀਰਾ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਤੋ ਹੀਰਾ ਸਿੰਘ ਅਤੇ ਇਸ ਦੇ ਨਾਲ ਹੀ ਆਂਗਣਵਾੜੀ ਸੈਂਟਰ ਪੱਤੋ ਹੀਰਾ ਸਿੰਘ ਅਤੇ ਅਜੀਤਵਾਲ ਦਾ ਦੌਰਾ ਕੀਤਾ ਗਿਆ। ਚੇਤਨ ਪ੍ਰਕਾਸ਼ ਧਾਲੀਵਾਲ ਵਲੋਂ ਉਕਤ ਸਰਕਾਰੀ ਸਕੂਲਾਂ ਵਿਚ ਚੱਲ ਰਹੀ ਮਿਡ-ਡੇ-ਮੀਲ ਸਕੀਮ ਦੀ ਚੈਕਿੰਗ ਕੀਤੀ ਗਈ। ਇਸ ਦੌਰਾਨ ਮਿਡ ਡੇ ਮੀਲ ਅਤੇ ਅਨਾਜ ਭੰਡਾਰ ਘਰ ਦਾ ਨਿਰੀਖਣ ਕੀਤਾ ਗਿਆ। ਨਿਰੀਖਣ ਦੌਰਾਨ ਇਨ੍ਹਾਂ ਸਕੂਲਾਂ ਵਿਚ ਮਿਡ-ਡੇ-ਮੀਲ ਦਾ ਪ੍ਰਬੰਧ ਠੀਕ ਪਾਇਆ

ਮੈਂਬਰ ਪੰਜਾਬ ਸਟੇਟ ਫੂਡ ਕਮਿਸ਼ਨ ਚੇਤਨ ਪ੍ਰਕਾਸ਼ ਧਾਲੀਵਾਲ ਮੋਗਾ ਦੇ ਇਕ ਆਂਗਣਵਾੜੀ ਸੈਂਟਰ ਦੀ ਚੈਕਿੰਗ ਕਰਦੇ ਹੋਏ। ਅਜੀਤ ਤਸਵੀਰ

ਗਿਆ ਮੈਂਬਰ ਵਲੋਂ ਇਸ ਉੱਪਰ ਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਸਕੂਲਾਂ ਨੂੰ ਸਾਫ਼ ਸਫ਼ਾਈ, ਕੁੱਕਾਂ ਦੇ ਮੈਡੀਕਲ ਕਰਵਾਉਣ ਸਬੰਧੀ ਹਦਾਇਤਾਂ ਵੀ ਦਿੱਤੀਆਂ ਅਤੇ ਪਾਣੀ ਦਾ ਟੀ.ਡੀ.ਐਸ. ਵੀ ਚੈੱਕ ਕੀਤਾ ਗਿਆ। ਸਰਕਾਰੀ ਪ੍ਰਾਇਮਰੀ ਅਤੇ ਸੀਨੀਅਰ ਸੈਕੰਡਰੀ ਸਕੂਲ ਪੱਤੋ ਹੀਰਾ ਸਿੰਘ ਕਿਚਨ ਗਾਰਡਨ ਬਹੁਤ ਵਧਿਆ ਤਰੀਕੇ ਨਾਲ ਬਣਾਇਆ ਹੋਇਆ ਸੀ ਅਤੇ ਨਾਲ ਹੀ ਫਲਾਂ ਦੇ ਦਰਖਤ ਵੀ ਸਕੂਲ ਵਿਚ ਲਗਾਏ ਹੋਏ ਸਨ, ਜਿਸ ਦੀ ਮੈਂਬਰ ਵਲੋਂ ਸ਼ਲਾਘਾ ਕੀਤੀ ਗਈ। ਇਸ ਤੋਂ ਉਪਰੰਤ ਆਂਗਣਵਾੜੀ ਸੈਂਟਰਾਂ ਦੀ ਚੈਕਿੰਗ ਕੀਤੀ ਗਈ। ਆਂਗਣਵਾੜੀ ਸੈਂਟਰ ਅਜੀਤਵਾਲ ਵਿਖੇ ਲਾਭਪਾਤਰੀਆਂ ਸਬੰਧੀ ਅਤੇ ਉਨ੍ਹਾਂ ਨੂੰ ਦਿੱਤੇ ਜਾਣ ਵਾਲਾ ਲਾਭ ਦੀ ਜਾਣਕਾਰੀ ਪ੍ਰਾਪਤ ਕੀਤੀ ਗਈ। ਆਂਗਣਵਾੜੀ ਸੈਂਟਰਾਂ ਵਿਚ ਕਰਵਾਏ ਜਾਣ ਵਾਲੇ ਹੋਰ ਸੁਧਾਰਾਂ ਸਬੰਧੀ ਉਨ੍ਹਾਂ ਵਲੋਂ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਆਂਗਣਵਾੜੀ ਸੈਂਟਰ ਪੱਤੋ ਹੀਰਾ ਸਿੰਘ ਬੰਦ ਪਾਇਆ ਗਿਆ ਜਿਸ ਦੇ ਸਬੰਧ ਵਿੱਚ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੂੰ ਇਸ ਸਬੰਧੀ ਰਿਪੋਰਟ ਭੇਜਣ ਸਬੰਧੀ ਹਦਾਇਤ ਕੀਤੀ ਗਈ। ਇਸ ਦੌਰਾਨ ਚੇਤਨ ਪ੍ਰਕਾਸ਼ ਧਾਲੀਵਾਲ ਵਲੋਂ ਕਮਿਸ਼ਨ ਦੇ ਹੈਲਪ ਲਾਈਨ ਨੰਬਰ ਦੀ ਜਾਣਕਾਰੀ ਵੀ ਦਿੱਤੀ ਗਈ ਅਤੇ ਨਾਲ ਹੀ ਦੱਸਿਆ ਕੀ ਉਹ ਨੈਸ਼ਨਲ ਫੂਡ ਸਕਿਉਰਿਟੀ ਐਕਟ 2013 ਅਧੀਨ ਚੱਲ ਰਹੀਆ ਸਕੀਮਾਂ ਸਬੰਧੀ ਸ਼ਿਕਾਇਤ ਜ਼ਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਰ (ਵਿਕਾਸ) ਮੋਗਾ ਕੋਲ ਦਰਜ ਕਰਵਾ ਸਕਦੇ ਹਨ।

ਪੈਟਰੋਲ ਬੰਬ ਦੀ ਘਟਨਾ ਨੂੰ ਅੰਜਾਮ ਦੇਣ ਵਾਲਿਆਂ ਸੰਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪੁਲਿਸ ਮੁਖੀ ਅਜੇ ਗਾਂਧੀ। ਨਾਲ ਹਨ ਡੀ. ਐਸ. ਪੀ. ਦਲਬੀਰ ਸਿੰਘ, ਡੀ. ਐਸ.. ਪੀ. ਸੁਖਅੰਮ੍ਰਿਤ ਸਿੰਘ ਤੇ ਹੋਰ। (ਸੱਜੇ) ਪੁਲਿਸ ਵਲੋਂ ਕਾਬੂ ਕੀਤੇ ਗਏ ਪੈਟਰੋਲ ਬੰਬ ਸੁੱਟਣ ਵਾਲੇ ਤਿੰਨ ਨੌਜਵਾਨ। ਅਜੀਤ ਤਸਵੀਰਾਂ

ਮੋਗਾ ਪੁਲਿਸ ਵਲੋਂ ਪਿੰਡ ਮਾੜੀ ਮੁਸਤਫਾ 'ਚ ਪੈਟਰੋਲ ਬੰਬ ਸੁੱਟਣ ਵਾਲੇ 3 ਨੌਜਵਾਨ ਕਾਬੂ

ਮੋਗਾ, 28 ਅਕਤੂਬਰ (ਗੁਰਤੇਜ ਸਿੰਘ ਬੱਬੀ)-ਮੋਗਾ ਪੁਲਿਸ ਦੀ ਸੀ. ਆਈ. ਏ. ਸਟਾਫ ਵਲੋਂ ਪਿੰਡ ਮਾੜੀ ਮੁਸਤਫਾ 'ਚ ਪੈਟਰੋਲ ਬੰਬ ਸੁੱਟਣ ਦੀ ਘਟਨਾ ਨੂੰ ਅੰਜਾਮ ਦੇਣ ਵਾਲੇ ਤਿੰਨ ਨੌਜਵਾਨਾਂ ਨੂੰ ਕਾਬੂ ਕੀਤਾ ਗਿਆ ਹੈ। ਇਸ ਸਬੰਧੀ ਜ਼ਿਲ੍ਹਾ ਪੁਲਿਸ ਮੁਖੀ ਅਜੇ ਗਾਂਧੀ ਨੇ ਪ੍ਰੈੱਸ ਕਾਨਫਰੰਸ ਦੌਰਾਨ ਖੁਲਾਸਾ ਕਰਦਿਆਂ ਦੱਸਿਆ ਕਿ 25 ਅਕਤੂਬਰ ਨੂੰ ਤਿੰਨ ਮੋਟਰਸਾਈਕਲ ਸਵਾਰ ਡਿੰਪਲ ਬਾਂਸਲ ਪੁੱਤਰ ਅਸ਼ੋਕ ਕੁਮਾਰ ਵਾਸੀ ਮਾੜੀ ਮੁਸਤਫਾ ਦੀ ਸਾਈਕਲ ਰਿਪੇਅਰ ਦੀ ਦੁਕਾਨ 'ਤੇ ਆਏ ਉਨ੍ਹਾਂ ਨੇ ਪੈਟਰੋਲ ਬੰਬ ਸੁੱਟ ਕੇ ਉਸ ਦੀ ਦੁਕਾਨ ਨੂੰ ਅੱਗ ਲਗਾ ਦਿੱਤੀ ਸੀ ਤੇ ਇਸ ਮਾਮਲੇ ਨੂੰ ਸੁਲਝਾਉਣ ਲਈ ਡੀ ਐਸ. ਪੀ. ਬਾਘਾ ਪੁਰਾਣਾ ਦਲਬੀਰ ਸਿੰਘ ਦੀ ਸੁਪਰਵੀਜਨ ਹੇਠ ਸੀ. ਆਈ. ਏ. ਸਟਾਫ ਮੋਗਾ ਅਤੇ ਬਾਘਾ ਪੁਰਾਣਾ ਪੁਲਿਸ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁਟੇਜ, ਟੈਕਨੀਕਲ ਢੰਗ ਅਤੇ ਖੁਫੀਆ ਸੋਰਸਾਂ ਦੀ ਮਦਦ ਨਾਲ ਇਸ ਘਟਨਾ ਨੂੰ ਅੰਜਾਮ ਦੇਣ ਵਾਲੇ ਬਲਜਿੰਦਰ ਸਿੰਘ ਉਰਫ ਗੋਰਾ ਪੁੱਤਰ ਰਣਜੀਤ ਸਿੰਘ ਵਾਸੀ ਜਿਊਣ ਵਾਲਾ, ਵੰਸ਼ਪ੍ਰੀਤ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਜਿਊਣ ਵਾਲਾ, ਅਰਸ਼ਦੀਪ ਸਿੰਘ ਉਰਫ ਗੋਰਾ ਵਾਸੀ ਜਿਊਣ ਵਾਲਾ ਨੂੰ ਕਾਬੂ ਕਰ ਲਿਆ। ਜ਼ਿਲ੍ਹਾ ਪੁਲਿਸ ਮੁਖੀ ਅਜੇ ਗਾਂਧੀ ਨੇ ਦੱਸਿਆ ਕਿ ਗ੍ਰਿਫਤਾਰ ਨੌਜਵਾਨਾਂ ਨੇ ਮੁੱਢਲੀ ਪੁੱਛਗਿੱਛ ਦੌਰਾਨ ਮੰਨਿਆ ਕਿ ਇਹ ਵਾਰਦਾਤ ਵਿਦੇਸ਼ ਵਿਚ ਬੈਠੇ ਸ਼ਾਨਦੀਪ ਸਿੰਘ ਉਰਫ ਸੰਨੀ ਉਰਫ ਧਰਮਪ੍ਰੀਤ ਸਿੰਘ ਉਰਫ ਧਰਮਾ ਵਾਸੀ ਜਿਊਣ ਸਿੰਘ ਵਾਲਾ ਦੇ ਕਹਿਣ 'ਤੇ ਕੀਤੀ ਗਈ। ਇਸ ਲਈ ਉਨ੍ਹਾਂ ਨੂੰ ਵੀ ਇਸ ਮਾਮਲੇ ਵਿਚ ਨਾਮਜ਼ਦ ਕੀਤਾ ਗਿਆ ਹੈ ਅਤੇ ਗ੍ਰਿਫਤਾਰ ਨੌਜਵਾਨਾਂ ਨੂੰ ਅਦਾਲਤ 'ਚ ਪੇਸ਼ ਕਰਦੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਕਿ ਉਨ੍ਹਾਂ ਕੋਲੋਂ ਡੂੰਘਾਈ ਨਾਲ ਜਾਂਚ ਕੀਤੀ ਜਾ ਸਕੇ। ਇਸ ਮੌਕੇ ਉਨ੍ਹਾਂ ਨਾਲ ਡੀ. ਐਸ. ਪੀ. ਬਾਘਾ ਪੁਰਾਣਾ ਦਲਬੀਰ ਸਿੰਘ, ਡੀ. ਐਸ. ਪੀ. ਸੁਖਅੰਮ੍ਰਿਤ ਸਿੰਘ, ਸੀ. ਆਈ. ਏ. ਸਟਾਫ ਮੋਗਾ ਦੇ ਇੰਚਾਰਜ ਦਲਜੀਤ ਸਿੰਘ ਬਰਾੜ ਹਾਜ਼ਰ ਸਨ।

ਪਿੰਡ ਮੌੜ ਨੌਆਬਾਦ ਦੀ ਦਾਣਾ ਮੰਡੀ ਵਿਚ ਵਿਕੇ ਹੋਏ ਝੋਨੇ ਦੀ ਚੁਕਾਈ ਨਾ ਹੋਣ ਕਾਰਨ ਲੱਗੇ ਹੋਏ ਅੰਬਾਰ ਅਤੇ ਕੁਝ ਦੁਕਾਨਾਂ ਦੀ ਖਰੀਦਦਾਰੀ ਨਾ ਹੋਣ ਕਾਰਨ ਖਰੀਦ ਅਧਿਕਾਰੀ ਨਾਲ ਗੱਲਬਾਤ ਕਰਦੇ ਹੋਏ ਕਿਸਾਨ ਆਗੂ। ਤਸਵੀਰਾਂ: ਜਗਰੂਪ ਸਿੰਘ ਮਠਾੜੂ

ਮੰਡੀ ਮੌੜ ਨੌਆਬਾਦ 'ਚ ਝੋਨੇ ਦੀ ਖਰੀਦ ਤੇ ਚੁਕਾਈ ਨਾ ਹੋਣ ਕਾਰਨ ਕਿਸਾਨਾਂ 'ਚ ਭਾਰੀ ਰੋਸ

ਖਰੀਦ ਅਧਿਕਾਰੀ ਨੇ ਕਿਸੇ ਵੀ ਟਿੱਪਣੀ ਤੋਂ ਕੀਤਾ ਇਨਕਾਰ

ਠੱਠੀ ਭਾਈ, 28 ਅਕਤੂਬਰ (ਜਗਰੂਪ ਸਿੰਘ ਮਠਾੜੂ)-ਪਿਛਲੇ 10 ਦਿਨਾਂ ਤੋਂ ਬਾਘਾ ਪੁਰਾਣਾ ਹਲਕੇ ਦੀ ਦਾਣਾ ਮੰਡੀ ਮੌੜ ਨੌਆਬਾਦ ਵਿਚ ਬੈਠੇ ਕਿਸਾਨਾਂ ਨੇ ਦੋਸ਼ ਲਗਾਇਆ ਕਿ ਝੋਨੇ ਦੀ ਖਰੀਦ 'ਚ ਆੜ੍ਹਤੀਆਂ ਅਤੇ ਸ਼ੈਲਰ ਮਾਲਕਾਂ ਵਲੋਂ ਮਿਲੀ ਭੁਗਤ ਕਰਕੇ ਖਰੀਦ ਦੀ ਪ੍ਰਕਿਰਿਆ ਰੋਕੀ ਹੋਈ ਹੈ। ਜਿਸ ਕਾਰਨ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨਾਂ ਨੇ ਕਿਹਾ ਕਿ ਉਨ੍ਹਾਂ ਦੀ ਝੋਨੇ ਦੀ ਫਸਲ ਕਈ ਦਿਨਾਂ ਤੋਂ ਮੰਡੀ ਵਿਚ ਪਈ ਸੁੱਕ ਰਹੀ ਹੈ ਪਰ ਖਰੀਦ ਏਜੰਸੀਆਂ ਅਤੇ ਸ਼ੈਲਰ ਮਾਲਕਾਂ ਵਲੋਂ ਕਿਸੇ ਤਰ੍ਹਾਂ ਦਾ ਹੱਲ ਨਹੀਂ ਕੀਤਾ ਜਾ ਰਿਹਾ। ਕਿਸਾਨ ਆਗੂਆਂ ਨੇ ਗੱਲਬਾਤ ਦੌਰਾਨ ਕਿਹਾ ਕਿ ਸ਼ੈਲਰ ਮਾਲਕਾਂ ਤੇ ਆੜ੍ਹਤੀਆਂ ਦੀ ਮਿਲੀ ਭੁਗਤ ਕਾਰਨ ਉਨ੍ਹਾਂ ਕਿਸਾਨਾਂ ਨੂੰ ਰੋਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੁਝ ਦੁਕਾਨਾਂ ਦੀ ਸਰਕਾਰ ਵਲੋਂ ਖਰੀਦ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਠੱਪ ਹੋ ਚੁੱਕੀ ਹੈ ਅਤੇ ਕਿਸਾਨਾਂ ਨੂੰ ਆਪਣੀ ਉਪਜ ਵੇਚਣ ਲਈ ਬੇਹੱਦ ਖੱਜਲ ਖੁਆਰ ਹੋਣਾ ਪੈ ਰਿਹਾ ਹੈ। ਦੂਜੇ ਪਾਸੇ ਸ਼ੈਲਰ ਮਾਲਕਾਂ ਨੇ ਆਪਣੇ 'ਤੇ ਲੱਗੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਕਿ ਉਨ੍ਹਾਂ ਦਾ ਇਸ ਮਾਮਲੇ ਨਾਲ ਕੋਈ ਲੈਣਾ-ਦੇਣਾ ਨਹੀਂ। ਉਨ੍ਹਾਂ ਕਿਹਾ ਕਿ ਜਿੰਨਾਂ ਮਾਲ ਉਨ੍ਹਾਂ ਕੋਲ ਪਹੁੰਚ ਰਿਹਾ ਹੈ ਉਹ ਉਸ ਦੀ ਖਰੀਦ ਕਰ ਰਹੇ ਹਨ ਅਤੇ ਕਿਸਾਨਾਂ ਦੀ ਮਦਦ ਲਈ ਤਿਆਰ ਹਨ। ਜਦੋਂ ਇਸ ਬਾਰੇ ਮੰਡੀ ਵਿਚ ਪਹੁੰਚੇ ਖਰੀਦ ਅਧਿਕਾਰੀ ਗੱਲ ਕਰਨੀ ਚਾਹੀ ਤਾਂ ਉਨ੍ਹਾਂ ਨੇ ਇਸ ਮਾਮਲੇ 'ਤੇ ਕੁਝ ਵੀ ਕਹਿਣ ਤੋਂ ਇਨਕਾਰ ਕਰ ਦਿੱਤਾ। ਕਿਸਾਨਾਂ ਨੇ ਚਿਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਜਲਦੀ ਖਰੀਦ ਸ਼ੁਰੂ ਨਾ ਕਰਵਾਈ ਤਾਂ ਉਹ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ। ਸਥਾਨਕ ਕਿਸਾਨ ਜਥੇਬੰਦੀਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਤੁਰੰਤ ਝੋਨੇ ਦੀ ਖਰੀਦ ਸ਼ੁਰੂ ਕਰਵਾਈ ਜਾਵੇ, ਬਾਰਦਾਨੇ ਦੀ ਪ੍ਰਾਪਤੀ ਸੁਨਿਸ਼ਚਿਤ ਕੀਤੀ ਜਾਵੇ ਅਤੇ ਮੰਡੀ ਪ੍ਰਣਾਲੀ ਨੂੰ ਸੁਚਾਰੂ ਬਣਾਇਆ ਜਾਵੇ।

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵਲੋਂ ਮਾਹਲਾ ਖ਼ੁਰਦ ਵਿਖੇ ਪਰਾਲੀ ਨੂੰ ਲਾਈ ਅੱਗ

ਨੱਥੂਵਾਲਾ ਗਰਬੀ, 28 ਅਕਤੂਬਰ (ਨਵਦੀਪ ਸਿੰਘ)-ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਅਧੀਨ ਪੈਂਦੇ ਪਿੰਡ ਮਾਹਲਾ ਖ਼ੁਰਦ ਵਿਖੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸਮੂਹ ਕਿਸਾਨਾਂ ਵਲੋਂ ਇਕੱਠੇ ਹੋ ਕੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਈ ਗਈ। ਇਸ ਸੰਬੰਧੀ ਗੱਲਬਾਤ ਕਰਦਿਆਂ ਹਰਮੰਦਰ ਸਿੰਘ ਡੇਮਰੂ ਨੇ ਕਿਹਾ ਕਿ ਇਹ ਸਾਡਾ ਕੋਈ ਸ਼ੌਕ ਨਹੀਂ ਸਾਡੀ ਮਜਬੂਰੀ ਹੈ ਕਿਉਂਕਿ ਸਰਕਾਰ ਨੇ ਮਾਹਲਾ ਖ਼ੁਰਦ ਵਾਸਤੇ ਕੋਈ ਵੀ ਬੇਲਰ ਮਸ਼ੀਨ ਜਾਂ ਕੋਈ ਹੋਰ ਸਾਧਨ ਨਹੀਂ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅਸੀਂ ਆਪਣੇ ਤੌਰ 'ਤੇ ਬੇਲਰ ਵਾਲਿਆਂ ਨਾਲ ਗੱਲ ਕੀਤੀ ਸੀ ਅਤੇ ਉਨ੍ਹਾਂ ਸਾਨੂੰ ਜਵਾਬ ਦੇ ਦਿੱਤਾ ਕਿ ਤੁਹਾਡੇ ਰਾਹਾਂ ਦੇ ਵਿਚ ਮੋੜ ਬਹੁਤ ਹਨ ਸਾਡੀਆਂ ਟਰਾਲੀਆਂ ਨਹੀਂ ਮੁੜਦੀਆਂ ਇਸ ਕਰਕੇ ਅਸੀਂ ਪਰਾਲੀ ਨੂੰ ਅੱਗ ਲਗਾ ਦਿੱਤੀ। ਇਸ ਸਮੇਂ ਗੁਰਦੀਪ ਸਿੰਘ ਮਾਹਲਾ ਖ਼ੁਰਦ, ਬੁੱਕਣ ਸਿੰਘ ਡੇਮਰੂ, ਜਗਦੇਵ ਸਿੰਘ ਡੇਮਰੂ, ਬਹਾਦਰ ਸਿੰਘ ਮਾਹਲਾ ਖ਼ੁਰਦ, ਗੁਰਚਰਨ ਸਿੰਘ ਮਾਹਲਾ ਖ਼ੁਰਦ, ਸੁਰਜੀਤ ਸਿੰਘ ਮਾਹਲਾ ਖ਼ੁਰਦ, ਮਲਕੀਤ ਸਿੰਘ ਮਾਹਲਾ ਖ਼ੁਰਦ, ਗੁਰਜੰਟ ਸਿੰਘ ਮਾਹਲਾ ਖ਼ੁਰਦ ਆਦਿ ਕਿਸਾਨ ਹਾਜ਼ਰ ਸਨ।

ਕੀ ਕਿਹਾ ਐਸ.ਡੀ.ਐਮ. ਬਾਘਾ ਪੁਰਾਣਾ ਨੇ-ਇਸ ਸਬੰਧੀ ਜਦ ਐਸ.ਡੀ.ਐਮ. ਬਾਘਾ ਪੁਰਾਣਾ ਦਾ ਪੱਖ ਜਾਣਿਆ ਤਾਂ ਉਨ੍ਹਾਂ ਕਿਹਾ ਕਿ ਕਿਸਾਨ ਵੀਰ ਸਾਡੇ ਦਫ਼ਤਰ ਜਾ ਥੱਲੇ ਵਾਲੇ ਅਧਿਕਾਰੀਆਂ ਨਾਲ ਸੰਪਰਕ ਕਰਨ ਉਨ੍ਹਾਂ ਨੂੰ ਸਾਰੀ ਮਸ਼ੀਨਰੀ ਮੁਹੱਈਆ ਕਰਵਾਈ ਜਾਵੇਗੀ।

College of Nursing
Adesh Institute of Medical Sciences & Research, Bathinda
NH-7, Barnala Road, Bathinda | Mob 90808-57337
conursing@adeshuniversity.ac.in | www.adeshuniversity.ac.in

NOTICE

Semi Online Counselling for leftover seats for GNM course (Session 2025-26) for College of Nursing, Adesh Institute of Medical Sciences and Research, Bathinda will be conducted at institute level as per following schedule.
Only those candidates, who have completed application in all respects on Counselling admission portal 2025-26 of PNRC and not holding any seat in any institute, shall be allowed to appear in this round. After preparation of merit list no candidate shall be allowed to participate.

Description	Date
Semi online counseling and joining of candidates for GNM course (Session 2025-26) for College of Nursing, Adesh Institute of Medical Sciences and Research, Bathinda	29/10/2025 to 31/10/2025

PNRC Helpline for Counselling
+91 62836-18852 (Mon-Fri, 9 am-5 pm) | admissionspnrc@gmail.com

Principal, College of Nursing,
Adesh Institute of Medical Sciences and Research, Bathinda

'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

ਮੋਗਾ

ਸ. ਸੁਰਿੰਦਰਪਾਲ ਸਿੰਘ	98147-75510
ਨਿਊ ਦਸਮੇਸ਼ ਨਗਰ,	01636-239510
ਅੰਮ੍ਰਿਤਸਰ ਰੋਡ	501454

NOTICE

Semi Online Counselling for leftover seats in ANM & GNM Courses (Session 2025-26) for Dr. Shyam Lal Thapar School of Nursing, Moga
It is informed that the process for Semi Online Counselling of leftover seats for Dr Shyam Lal Thapar School of Nursing, Moga will be conducted at institute level as per following schedule.
Only the candidates, who have completed application in all respects on Counselling admission portal 2025-26 of PNRC and not holding any seat in any institute, shall be allowed to appear in this round. After preparation of merit list no candidate shall be allowed to participate.

Description	Date
Semi Online Counselling and joining of candidates for Dr. Shyam Lal Thapar School of Nursing, Moga	30/10/2025

Principal
Dr. Shyam Lal Thapar
School of Nursing, Moga

ਸਿਵਲ ਹਸਪਤਾਲ ਮੋਗਾ ਵਿਖੇ ਤਾਲਮੇਲ ਕਮੇਟੀ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਜ਼ਿਲ੍ਹਾ ਮੋਗਾ ਵਲੋਂ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਦੇ ਸੂਬਾ ਪ੍ਰਧਾਨ ਕੁਲਬੀਰ ਸਿੰਘ ਢਿੱਲੋਂ ਤੇ ਮੁਲਾਜ਼ਮ ਆਗੂ। ਤਸਵੀਰ: ਜਸਪਾਲ ਸਿੰਘ ਬੱਬੀ

ਤਾਲਮੇਲ ਕਮੇਟੀ ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀਆਂ ਵਲੋਂ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ

ਮੋਗਾ, 28 ਅਕਤੂਬਰ (ਜਸਪਾਲ ਸਿੰਘ ਬੱਬੀ)-ਤਾਲਮੇਲ ਕਮੇਟੀ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਜ਼ਿਲ੍ਹਾ ਮੋਗਾ ਨੇ ਸੂਬਾ ਪ੍ਰਧਾਨ ਕੁਲਬੀਰ ਸਿੰਘ ਢਿੱਲੋਂ ਦੀ ਅਗਵਾਈ 'ਚ ਸਿਵਲ ਹਸਪਤਾਲ ਮੋਗਾ ਵਿਖੇ ਪੰਜਾਬ ਸਰਕਾਰ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਾਂ ਨੂੰ ਕੇਂਦਰ ਸਰਕਾਰ ਨਾਲੋਂ 16 ਫੀਸਦੀ ਮਹਿੰਗਾਈ ਭੱਤਾ ਘੱਟ ਦਿੱਤਾ ਜਾ ਰਿਹਾ ਹੈ, ਜਿਸ ਕਾਰਨ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 6ਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਿਸ਼ਾਂ ਅਤੇ ਇਸ ਦੇ ਰਹਿੰਦੇ ਦੂਜੇ ਭਾਗ ਨੂੰ ਠੰਢੇ ਬਸਤੇ 'ਚ ਪਾਇਆ ਹੋਇਆ ਹੈ ਜਦੋਂ ਕਿ ਕੇਂਦਰ ਸਰਕਾਰ ਵਲੋਂ ਅੱਠਵੇਂ ਤਨਖਾਹ ਕਮਿਸ਼ਨ ਦੀ ਵੀ ਸਥਾਪਨਾ ਕੀਤੀ ਜਾ ਚੁੱਕੀ ਹੈ। ਇਸੇ ਤਰ੍ਹਾਂ ਮਿਡ ਡੇ ਮੀਲ ਵਰਕਰਾਂ, ਆਸ਼ਾ ਵਰਕਰਾਂ ਤੇ ਫੈਸੀਲੇਟਰਾਂ ਅਤੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਮਾਣ ਭੱਤੇ ਦੁੱਗਣੇ ਕਰਨ ਦੇ ਆਪਣੇ ਵਾਅਦੇ ਤੋਂ ਸਰਕਾਰ ਭੱਜ ਰਹੀ ਹੈ। ਜੇਕਰ ਮੰਗਾਂ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਬਲਦੀਪ ਸਿੰਘ, ਰਾਜ ਕੁਮਾਰ ਕਾ